ਪੰਜਾਬ ਸਰਕਾਰ

ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ

(ਸਿੱਖਿਆ ਸੈੱਲ)

ਸੇਵਾ ਵਿਖੇ,

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰ/ਡਿਪਟੀ ਕਮਿਸ਼ਨਰ,
ਸਮੂਹ ਬੋਰਡਾਂ, ਕਾਰਪੋਰੇਸ਼ਨਾਂ ਦੇ ਮੁੱਖੀ, ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਜਿਲ੍ਹਾ ਅਤੇ ਸੈਸ਼ਨ ਜੱਜ, ਉਪ ਮੰਡਲ ਮੈਜਿਸਟਰੇਟ।

ਮੀਮੋ ਨੰ. HED-EDUC06/3/2020-2EDUCELL/I/1448482/2026
ਮਿਤੀ ਚੰਡੀਗੜ੍ਹ: 17.07.2026

ਵਿਸ਼ਾ: ਪੰਜਾਬ ਰਾਜ ਦੇ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ ਵਿਦਿਅਕ ਅਦਾਰਿਆਂ ਬੋਰਡਾਂ/ਨਿਗਮਾਂ/ਨੇਮ ਪਲੇਟਾਂ ਆਦਿ ਅਤੇ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਿਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ ਪੰਜਾਬੀ ਭਾਸ਼ਾ ਵਿੱਚ ਲਿਖਣ ਸਬੰਧੀ।

....

ਉਪਰੋਕਤ ਵਿਸ਼ੇ ਤੇ ਇਸ ਵਿਭਾਗ ਦੇ ਪੱਤਰ ਨੰ: 6/41/2019-2ਸਿੱ.ਸੈੱਲ/413-423 ਮਿਤੀ 19.02.2020, ਪੱਤਰ ਨੰ: 6/41/2019-2ਸਿ.ਸੈੱਲ/1288-1289 ਮਿਤੀ 29.11.2021 ਅਤੇ ਪੱਤਰ ਨੰ: 6/41/2019-2ਸਿ.ਸੈੱਲ/857 ਮਿਤੀ 05.12.2022 ਦੇ ਹਵਾਲੇ ਵਿੱਚ।

2. ਹਵਾਲਾ ਅਧੀਨ ਪੱਤਰਾਂ ਦੀ ਲਗਾਤਾਰਤਾ ਵਿੱਚ ਆਪ ਜੀ ਮੁੜ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਆਉਂਦੇ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਵਿਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ/ਨੇਮ ਪਲੇਟਾਂ ਆਦਿ ਅਤੇ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਿਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ ਪੰਜਾਬੀ ਭਾਸ਼ਾ (ਗੁਰਮੁੱਖੀ ਲਿੱਪੀ) ਵਿੱਚ ਲਿਖੇ ਜਾਣ। ਜੇਕਰ ਕਿਸੇ ਹੋਰ ਭਾਸ਼ਾ ਵਿੱਚ ਨਾਮ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ (ਗੁਰਮੁੱਖੀ ਲਿਪੀ) ਤੋਂ ਬਾਅਦ ਹੇਠਾਂ ਦੂਸਰੀ ਭਾਸ਼ਾ ਵਿੱਚ ਲਿਖਿਆ ਜਾਵੇ।

3. ਇਹ ਪੱਤਰ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਜਾਂਦਾ ਹੈ।

ਅਧੀਨ ਸਕੱਤਰ
ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ।

ਉਪਰੋਕਤ ਦਾ ਇਕ ਉਤਾਰਾ ਸਮੂਹ ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪ੍ਰਬੰਧਕੀ ਕੰਟਰੋਲ ਅਧੀਨ ਵਿਭਾਗਾਂ, ਬੋਰਡਾਂ, ਨਿਗਮਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਨੂੰ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਹਿਤ ਯੋਗ ਕਦਮ ਚੁੱਕਣ ਦੀ ਕਿਰਪਾਲਤਾ ਕਰਨ।

ਅਧੀਨ ਸਕੱਤਰ,
ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ

ਸੇਵਾ ਵਿਖੇ,

ਪੰਜਾਬ ਰਾਜ ਦੇ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ:ਵਿ:ਪੱ:ਨੰ: HED-EDUC06/3/2020-2EDUCELL/ I/1448482/2026 ਮਿਤੀ, ਚੰਡੀਗੜ੍ਹ: 17.07.2026

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)ਬਠਿੰਡਾ**

ਪਿਠ ਅੰਕਣ ਨੰ ਜੀ-1/1 ( )2026/ 5044 ਮਿਤੀ : 18-09-26

ਉਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ , ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ।

18/09/26

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।

ਸੇਵਾ ਵਿਖੇ,

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ/ਸਮੂਹ ਡਿਪਟੀ ਕਮਿਸ਼ਨਰ,
ਸਮੂਹ ਵਿਭਾਗਾਂ ਦੇ ਮੁੱਖੀ/ਬੋਰਡਾਂ, ਕਾਰਪੋਰੇਸ਼ਨਾਂ ਦੇ ਮੁੱਖੀ,
ਜ਼ਿਲ੍ਹਾ ਅਤੇ ਸੈਸ਼ਨ ਜੱਜ, ਉਪ ਮੰਡਲ ਅਫ਼ਸਰ (ਸਿਵਲ) ਅਤੇ
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ।

ਮੀਮੋ ਨੰ: HED-EDUC014/1/2022-2EDUCELL/I/1161899/2025
ਮਿਤੀ, ਚੰਡੀਗੜ੍ਹ: 28.07.2025

ਵਿਸ਼ਾ:- **ਪੰਜਾਬ ਰਾਜ ਭਾਸ਼ਾ ਐਕਟ 1967 ਸਮੇਤ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਤੇ 2021 ਅਨੁਸਾਰ ਸਾਰਾ ਦਫ਼ਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿੱਚ ਕਰਨ ਸਬੰਧੀ।**

**********

ਉਪਰੋਕਤ ਵਿਸ਼ੇ ਤੇ ਇਸ ਵਿਭਾਗ ਦੇ ਪੱਤਰ ਨੰ: HED-EDUC014/2/2023-4EDUCELL-Part(1)/I/1093556/2025 ਮਿਤੀ 08.05.2025 ਦੀ ਲਗਾਤਰਤਾ ਵਿੱਚ।

2. ਹਵਾਲਾ ਅਧੀਨ ਪੱਤਰ ਰਾਹੀਂ ਪੰਜਾਬ ਰਾਜ ਦੇ ਸਕੱਤਰੇਤ, ਸਮੂਹ ਸਰਕਾਰੀ/ਅਰਧ ਸਰਕਾਰੀ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ, ਨਿਗਮਾਂ ਅਤੇ ਵਿੱਦਿਅਕ ਅਦਾਰਿਆਂ ਦੇ ਦਫ਼ਤਰਾਂ ਵਿੱਚ ਸਮੁੱਚਾ ਦਫ਼ਤਰੀ ਕੰਮ-ਕਾਜ ਪੰਜਾਬੀ ਭਾਸ਼ਾ ਵਿੱਚ ਕਰਨ ਸਬੰਧੀ ਅਤੇ ਸਮੂਹ ਵਿਭਾਗਾਂ ਦੀਆਂ ਵੈਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿੱਚ ਤਿਆਰ ਕਰਨ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ।

3. ਉਪਰੋਕਤ ਸਨਮੁੱਖ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ ਹਵਾਲਾ ਅਧੀਨ ਪੱਤਰ ਰਾਹੀਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਦੀ ਖੇਚਲ ਕੀਤੀ ਜਾਵੇ।

ਅਧੀਨ ਸਕੱਤਰ

ਪ:ਵਿ:ਪੰ:ਨੰ: HED-EDUC014/1/2022-2EDUCELL/I/1161899/2025 ਮਿਤੀ, ਚੰਡੀਗੜ੍ਹ: 28.07.2025

ਉਪਰੋਕਤ ਦਾ ਇਕ ਉਤਾਰਾ ਸਮੂਹ ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਪ੍ਰਬੰਧਕੀ ਕੰਟਰੋਲ ਅਧੀਨ ਆਉਂਦੇ ਵਿਭਾਗਾਂ, ਬੋਰਡਾਂ, ਨਿਗਮਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਨੂੰ ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਵਾਉਣ ਹਿੱਤ ਯੋਗ ਕਦਮ ਚੁੱਕਣ ਦੀ ਖੇਚਲ ਕੀਤੀ ਜਾਵੇ।

ਅਧੀਨ ਸਕੱਤਰ